ਸਚਨਾ ਤੇ ਲਕ ਸੰਪਰਕ ਦਫਤਰ, ਫਾਜ਼ਿਲਕਾ

# ਘਰਾਂ ’ਚ ਕੜਾ ਚੁਕਣ ਤ ਲ ਕ ਗਲੀਆਂ-ਨਾਲੀਆਂ ਦੀ ਸਫਾਈ ਕਰਕ ਜ਼ਿਲ੍ਹੇ ਨੂੰ ਕਰ ਰਹੇ ਨ ਬਿਮਾਰੀ ਮਕਤ

***ਸਾਰੇ ਕੰਮ ਸਮਾਜਿਕ ਦੂਰੀ ਨੂੰ ਕਾਇਮ ਰੱਖ ਕੇ ਕੀਤੇ ਜਾ ਰਹੇ ਹਨ-ਕਾਰਜ ਸਾਧਕ ਅਫ਼ਸਰ**

ਫਾਜ਼ਿਲਕਾ 8 ਅਪ੍ਰੈਲ

ਨੋਵਲ ਕੋਰੋਨਾ ਵਾਇਰਸ (ਕੋਵਿਡ-A।) ਦੇ ਮੱਦੇਨਜ਼ਰ ਜਿਥ ਡਾਕਟਰਾਂ, ਪਲਿਸ ਅਤੇ ਸਿਵਲ ਪ੍ਰਸ਼ਾਸਨ ਦੇ ਮਲਾਜਮਾਂ ਵਲ ਲਗਾਤਾਰ ਆਪਣੀ ਡਿਓਟੀ ਪਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਈ ਜਾ ਰਹੀ ਹ ਓਸ ਤਰਾਂ ਜ਼ਿਲ੍ਹਾ ਫਾਜ਼ਿਲਕਾ ਦੇ ਸਫਾਈ ਸਵਕਾਂ ਵਲ ਵੀ ਜ਼ਿਲ੍ਹੇ ਦੀ ਸਾਫ-ਸਫਾਈ ਕਰਨ ’ਚ ਆਪਣਾ ਮੋਹਰੀ ਰੋਲ ਅਦਾ ਕੀਤਾ ਜਾ ਰਿਹਾ ਹ।

ਇਸ ਸਬੰਧੀ ਜਾਣਕਾਰੀ ਦਿਦਿਆਂ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦਸਿਆ ਕਿ ਜ਼ਿਲ੍ਹੇ ਅੰਦਰ ਨਗਰ ਪੰਚਾਇਤਾਂ ਅਤੇ ਨਗਰ ਕੌਂਸਲਾਂ ਦੇ ਸਾਰ ਹੀ ਸਫਾਈ ਸਵਕ ਰੋਜ਼ਾਨਾ ਜ਼ਿਲ੍ਹੇ ਨੂੰ ਸਾਫ ਰੱਖਣ ਅਤੇ ਜ਼ਿਲ੍ਹਾ ਵਾਸੀਆਂ ਨੂੰ ਬਿਮਾਰੀਆਂ ਤ ਬਚਾਈ ਰੱਖਣ ਲਈ ਆਪਣਾ ਪਰਾ ਯੋਗਦਾਨ ਦੇ ਰਹੇ ਹਨ। ਓਨਾਂ ਦਸਿਆ ਕਿ ਇਹ ਸਫਾਈ ਸਵਕ ਰੋਜ਼ਾਨਾ ਸਵੇਰ ਤ ਹੀ ਸੜਕਾਂ, ਗਲੀਆਂ, ਨਾਲੀਆਂ ਆਦਿ ਦੀ ਸਫਾਈ ਕਰ ਰਹੇ ਹਨ। ਇਸ ਤ ਇਲਾਵਾਂ ਇਨਾਂ ਵਲ ਘਰੋ ਘਰੀ ਜਾ ਕ ਕੜਾ ਇਕਠਾ ਕੀਤਾ ਜਾ ਰਿਹਾ ਹੈ।

ਓਨਾਂ ਦਸਿਆ ਕਿ ਕੋਰੋਨਾ ਵਾਇਰਸ ਦਰਾਨ ਜ਼ਿਲ੍ਹਾ ਵਾਸੀਆਂ ਨੂੰ ਘਰਾਂ ’ਚ ਰਹਿਣ ਦੀ ਅਪੀਲ ਕੀਤੀ ਗਈ ਅਤੇ ਜ਼ਰਰੀ ਵਸਤਾਂ ਲਕਾਂ ਨੂੰ ਓਨਾ ਦੇ ਘਰਾਂ ’ਚ ਹੀ ਮਹਈਆ ਕਰਵਾਈਆਂ ਜਾ ਰਹੀਆਂ ਹਨ। ਓਨਾਂ ਦਸਿਆ ਕਿ ਸਫਾਈ ਸਵੇਕਾ ਵਲ ਕੋਰੋਨਾ ਵਾਇਰਸ ਦੀ ਪਰਵਾਹ ਨਾ ਕਰਦਿਆਂ ਅਤੇ ਆਪਣੀ ਡਿਓਟੀ ਨੂੰ ਤਰਜੀਹ ਦਿਦਿਆਂ ਲਗਾਤਾਰ ਸ਼ਹਿਰ ਨੂੰ ਸਾਫ ਸਥਰਾ ਰੱਖਣ ਲਈ ਪਰੀ ਤਨਦੇਹੀ ਨਾਲ ਕੰਮ ਕੀਤਾ ਜਾ ਰਿਹਾ ਹ।

ਕਾਰਜ ਸਾਧਕ ਅਫ਼ਸਰ ਰਜਨੀਸ਼ ਕੁਮਾਰ ਨੇ ਦੱਸਿਆ ਕਿ ਫ਼ਾਜ਼ਿਲਕਾ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ਡੈਡ ਹਾਊਸ ਰੋਡ, ਬਸਤੀ ਹਜ਼ੂਰ ਸਿੰਘ, ਗਲੀ ਨੰਬਰ 1 ਤੇ 2, ਜੈਨ ਗਲੀਆਂ, ਪੁਰਾਣਾ ਪੰਜਾਬ ਨੈਸ਼ਨਲ ਬੈਂਕ ਵਾਲੀ ਗਲੀ, ਗਲੀ ਚੌਧਰੀਆਂ, ਅਨੰਦਪੁਰ ਮੁਹੱਲਾ ਆਦਿ ਤੋਂ ਕੂੜਾ ਸਿਲਟ ਚੁਕਵਾਇਆ ਗਿਆ ਅਤੇ ਫਰਸ਼ ਨੰਬਰ 14 ਤੇ ਬਰਸਾਤੀ ਨਾਲੇ ਦੀ ਸਫਾਈ ਕਰਵਾਈ ਗਈ।

ਉਨ੍ਹਾਂ ਦੱਸਿਆ ਕਿ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ’ਤੇ ਬਣੇ ਸੈਕੰਡਰੀ ਪੁਆਇੰਟਾਂ ਨੂੰ ਸਾਫ ਕਰਵਾਇਆ ਗਿਆ। ਵੱਖ-ਵੱਖ ਥਾਵਾਂ ’ਤੇ ਲੱਗੇ ਡਸਟਬਿਨ ਖਾਲੀ ਕਰਵਾਏ ਗਏ। ਇਸ ਤੋਂ ਇਲਾਵਾ ਪੰਜਾਬ ਨੈਸ਼ਨਲ ਬੈਂਕ, ਸਚਦੇਵਾ ਹਸਪਤਾਲ ਆਦਿ ਨੂੰ ਸੈਨੇਟਾਈਜ਼ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਇਹ ਸਾਰੇ ਕੰਮ ਸਮਾਜਿਕ ਦੂਰੀ ਨੂੰ ਕਾਇਮ ਰੱਖ ਕੇ ਕੀਤੇ ਜਾ ਰਹੇ ਹਨ।

**ਤਸਵੀਰਾਂ 1 ਤੋਂ 4**

ਸੂਚਨਾ ’ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫਾਜ਼ਿਲਕਾ

-ਕੋਵਿਡ 19-

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਹਾੜ੍ਹੀ ਦੇ ਸੀਜਨ ਦੌਰਾਨ ਖੇਤੀਬਾੜੀ ਦੇ ਕੰਮਾਂ ਲਈ ਜ਼ਰੂਰੀ ਹਦਾਇਤਾਂ ਜਾਰੀ

## *ਕੰਬਾਇਨ ਦਾ ਖੇਤਾਂ ਵਿੱਚ ਚੱਲਣ ਦਾ ਸਮਾਂ ਸਵੇਰੇ 6 ਤੋਂ ਸ਼ਾਮ 7 ਵਜੇ ਤੱਕ ਨਿਸ਼ਚਿਤ

## *ਖੇਤਾਂ ’ਚ ਕਿਸਾਨ ਅਤੇ ਮਜਦੂਰ ਆਪਸ ਵਿਚ ਇਕ ਮੀਟਰ ਦੀ ਸਮਾਜਿਕ ਦੂਰੀ ਬਣਾ ਕੇ ਰੱਖਣਗੇ

ਫਾਜ਼ਿਲਕਾ, 8 ਅਪ੍ਰੈਲ:

ਪੰਜਾਬ ਸਰਕਾਰ ਵੱਲੋਂ ਜਾਰੀ ਆਦੇਸ਼ਾਂ ਦੀ ਪਾਲਣਾ ਵਿੱਚ ਜ਼ਿਲ੍ਹੇ ਅੰਦਰ ਤਾਲਾਬੰਦੀ ਅਤੇ ਕਰਫਿਊ 14 ਅਪ੍ਰੈਲ ਤੱਕ ਵਾਧਾ ਕੀਤਾ ਗਿਆ ਹੈ ਤਾਂ ਜੋ ਆਮ ਜਨਤਾ ਨੂੰ ਕੋਰੋਨਾ ਵਾਇਰਸ ਦੀ ਮਹਾਂਮਾਰੀ ਤੋਂ ਬਚਾਇਆ ਜਾ ਸਕੇ। ਇਸ ਸਬੰਧੀ ਹੁਕਮ ਜਾਰੀ ਕਰਦਿਆਂ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਅਰਵਿੰਦ ਪਾਲ ਸਿੰਘ ਸੰਧੂ ਨੇ ਫ਼ਾਜ਼ਿਲਕਾ ਵਿਚ ਹਾੜ੍ਹੀ ਦੇ ਸੀਜਨ ਦੌਰਾਨ ਖੇਤੀਬਾੜੀ ਦੇ ਕੰਮਾਂ ਲਈ ਕੁਝ ਜ਼ਰੂਰੀ ਛੋਟ ਖੇਤੀਬਾੜੀ ਦੇ ਵੇਰਵੇ ਅਤੇ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਹਨ।

ਸ. ਸੰਧੂ ਨੇ ਹੁਕਮ ’ਚ ਦੱਸਿਆ ਕਿ ਕਿਸਾਨਾਂ ਵੱਲੋਂ ਕਣਕ ਦੀ ਫ਼ਸਲ ਦੀ ਕਟਾਈ ਅਤੇ ਵੱਖ-ਵੱਖ ਖੇਤੀ ਕਾਰਜਾਂ ਲਈ ਖੇਤ ਮਜਦੂਰਾਂ ਨੂੰ ਸਵੇਰੇ 6 ਵਜੇ ਤੋਂ 9 ਵਜੇ ਤੱਕ ਖੇਤਾਂ ਵਿੱਚ ਜਾਣ ਅਤੇ ਸ਼ਾਮ 7 ਤੋਂ ਰਾਤ 8 ਵਜੇ ਤੱਕ ਵਾਪਸ ਆਉਣ ਦੀ ਛੋਟ ਹੋਵੇਗੀ। ਉਨ੍ਹਾਂ ਹਦਾਇਤ ਕੀਤੀ ਕਿ ਕਿਸਾਨ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ ਆਪਣੇ ਖੇਤਾਂ ਵਿੱਚ ਹੀ ਰਹਿਣਗੇ ਅਤੇ ਆਪਣੀ ਖੇਤੀ ਨਾਲ ਸਬੰਧਤ ਕਾਰਜ ਕਰਨਗੇ। ਉਨ੍ਹਾਂ ਕਿਹਾ ਕਿ ਜਿੰਨ੍ਹਾਂ ਕਿਸਾਨਾਂ ਦੀ ਨਹਿਰੀ ਪਾਣੀ ਦੀ ਵਾਰੀ ਹੋਵੇਗੀ ਉਨ੍ਹਾਂ ਨੂੰ ਆਪਣੇ ਖੇਤਾਂ ਵਿੱਚ ਪਾਣੀ ਲਾਉਣ ਸਬੰਧੀ ਕੋਈ ਰੁਕਾਵਟ ਨਹੀਂ ਹੋਵੇਗੀ, ਪਰ ਉਹ ਵੀ ਆਪਣੇ ਖੇਤ ਆਉਣ-ਜਾਣ ਵਾਸਤੇ ਦਿੱਤੇ ਸਮੇਂ ਮੁਤਾਬਕ ਪਾਬੰਦ ਹੋਣਗੇ।

ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਫ਼ਸਲ ਦੀ ਕਟਾਈ, ਬਿਜਾਈ ਅਤੇ ਢੋਆ-ਢੁਆਈ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਟਰੈਕਟਰ, ਟਰਾਲੀ ਕੰਬਾਇਨ ਆਦਿ ਦੀ ਆਵਾਜਾਈ ’ਤੇ ਛੋਟ ਹੋਵੇਗੀ, ਪ੍ਰੰਤੂ ਕੰਬਾਇਨ ਦਾ ਖੇਤਾਂ ਵਿੱਚ ਚੱਲਣ ਦਾ ਸਮਾਂ ਸਵੇਰੇ 6 ਤੋਂ ਸ਼ਾਮ 7 ਵਜੇ ਤੱਕ ਦਾ ਹੀ ਹੋਵੇਗਾ। ਉਨ੍ਹਾਂ ਕਿਹਾ ਕਿ ਸਬੰਧਤ ਮਸ਼ੀਨਰੀ ’ਤੇ 4 ਤੋਂ ਵੱਧ ਵਿਅਕਤੀ ਨਹੀਂ ਹੋਣੇ ਚਾਹੀਦੇ ਅਤੇ ਆਪਸ ਵਿੱਚ ਸਮਾਜਿਕ ਦੂਰੀ 1 ਮੀਟਰ ਦੀ ਬਣਾ ਕੇ ਰੱਖਣਗੇ।

ਉਨ੍ਹਾਂ ਦੱਸਿਆ ਕਿ ਖੇਤੀਬਾੜੀ ਮਸ਼ੀਨਰੀ ਦੀ ਰਿਪੇਅਰ ਅਤੇ ਸਪੇਅਰ ਪਾਰਟਸ ਨਾਲ ਸਬੰਧਤ ਦੁਕਾਨਾ ਨੂੰ ਸਵੇਰੇ 10 ਤੋਂ ਸ਼ਾਮ 5 ਵਜੇ ਤੱਕ ਛੋਟ ਹੋਵੇਗੀ। ਉਨ੍ਹਾਂ ਅੱਗੇ ਕਿਹਾ ਸਬੰਧਤ ਜਿੰਮੀਦਾਰ ਆਪਣੇ ਮਕੈਨਿਕ/ਸਪੇਅਰ ਪਾਰਟਸ ਦੁਕਾਨਕਾਰ ਨਾਲ ਰਾਬਤਾ ਕਰਕੇ ਖੇਤੀਬਾੜੀ ਮਸ਼ੀਨਰੀ ਦੀ ਮੁਰੰਮਤ ਕਰਵਾਉਣਗੇ ਅਤੇ ਦੁਕਾਨਦਾਰ ਵੀ ਲੋੜ ਅਨੁਸਾਰ ਦੁਕਾਨ ਖੋਲ੍ਹਣਗੇ। ਬੀਜ, ਖਾਦ ਅਤੇ ਕੀਟਨਾਸ਼ਕ ਦਵਾਈਆਂ ਵਾਲੀਆਂ ਦੁਕਾਨਾਂ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਦੀ ਛੋਟ ਹੋਵੇਗੀ, ਗ੍ਰਾਹਕਾਂ ਨੂੰ ਸਪਲਾਈ ਹਰੇਕ ਦੁਕਾਨਦਾਰ ਵੱਲੋਂ ਘਰਾਂ ਵਿੱਚ ਹੀ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਤੂੜੀ ਬਣਾਉਣ ਲਈ ਰੀਪਰ 1 ਮਈ ਤੋਂ ਚਲਾਏ ਜਾਣ ਤਾਂ ਜੋ ਕਣਕ ਦੀ ਫਸਲ ਦੇ ਨਾੜ ਨੂੰ ਅੱਗ ਲਗਾਉਣ ਤੋਂ ਬਚਾਇਆ ਜਾ ਸਕੇ। ਇਸ ਤੋਂ ਇਲਾਵਾ ਕੋਈ ਵੀ ਜਿੰਮੀਦਾਰ ਕਣਕ ਦੇ ਨਾੜ ਨੂੰ ਅੱਗ ਨਹੀਂ ਲਗਾਏਗਾ। ਉਨ੍ਹਾਂ ਹਦਾਇਤ ਕੀਤੀ ਕਿ ਇਸ ਕੰਮ ਸਮੇਂ ਮੌਜੂਦ ਵਿਅਕਤੀ ਆਪਸ ਵਿੱਚ ਸਮਾਜਿਕ ਦੂਰੀ 1 ਮੀਟਰ ਦੀ ਬਣਾ ਕੇ ਰੱਖਣਗੇ। ਉਨ੍ਹਾਂ ਕਿਹਾ ਕਿ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਹਾੜੀ ਦੇ ਸੀਜਨ ਦੌਰਾਨ ਜਿੰਮੀਦਾਰਾਂ ਵੱਲੋਂ ਹਾੜੀ ਦੀ ਫਸਲ ਆੜਤੀਆਂ ਨੂੰ ਦਿੱਤੀ ਜਾਵੇਗੀ, ਉਸ ਸਬੰਧੀ ਫਾਰਮ ਜੇ, ਆੜਤੀਆਂ ਵੱਲੋਂ ਜਿੰਮੀਦਾਰਾਂ ਨੂੰ ਸਪਲਾਈ ਕੀਤੇ ਜਾਣੇ ਹਨ, ਜਿੰਨ੍ਹਾਂ ਦੀ ਪ੍ਰਿੰਟਿੰਗ ਕਰਵਾਈ ਜਾਣੀ ਜ਼ਰੂਰੀ ਹੈ। ਇਸ ਮੰਤਵ ਲਈ ਜ਼ਿਲ੍ਹਾ ਫ਼ਾਜਿਲਕਾ ਵਿਚ ਸਥਾਪਿਤ ਪ੍ਰਿੰਟਿੰਗ ਪ੍ਰੈਸਾਂ ਨੂੰ ਵਿਸ਼ੇਸ਼ ਤੌਰ ’ਤੇ ਖੇਤੀਬਾੜੀ ਦੇ ਕੰਮਾਂ ਵਾਸਤੇ ਖੋਲਣ ਲਈ ਅਗਲੇ ਹੁਕਮਾਂ ਤੱਕ ਸਵੇਰੇ 10 ਵਜੇ ਤੋਂ ਸ਼ਾਮ 7 ਵਜੇ ਤੱਕ ਦੀ ਢਿੱਲ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪ੍ਰਿੰਟਿੰਗ ਪ੍ਰੈਸ ਦੇ ਮਾਲਕ ਇਹ ਯਕੀਨੀ ਬਣਾਉਣਗੇ ਕਿ ਉਹ ਆਪਣੀ ਪ੍ਰਿੰਟਿੰਗ ਪ੍ਰੈਸ ’ਤੇ ਤਿੰਨ ਵਿਅਕਤੀਆਂ ਤੋਂ ਵੱਧ ਨਹੀਂ ਰੱਖਣਗੇ ਅਤੇ ਆਪਸ ਵਿੱਚ ਸਮਾਜਿਕ ਦੂਰੀ ਇਕ ਮੀਟਰ ਦੀ ਬਣਾਈ ਰੱਖਣਗੇ। ਪ੍ਰਿੰਟਿੰਗ ਪ੍ਰੈਸ ਵਿਚ ਕੰਮ ਕਰਨ ਵਾਲੇ ਸਾਰੇ ਵਿਅਕਤੀ ਆਪਣੇ ਮੂੰਹ ’ਤੇ ਮਾਸਕ ਪਾਉਣਗੇ ਅਤੇ ਸੈਨੇਟਾਈਜ਼ਰ ਦੀ ਵਰਤੋਂ ਕਰਨੀ ਯਕੀਨੀ ਬਣਾਉਣਗੇ।

ਉਨ੍ਹਾਂ ਕਿਹਾ ਕਿ ਸਮੂਹ ਕਿਸਾਨਾਂ/ਖੇਤ ਮਜਦੂਰਾਂ ਵੱਲੋਂ ਜੇਕਰ ਖੇਤਾਂ ਵਿੱਚ ਹੱਥੀ ਕਟਾਈ/ਬਿਜਾਈ ਆਦਿ ਦਾ ਕੋਈ ਕੰਮ ਕੀਤਾ ਜਾਵੇਗਾ ਤਾਂ ਉਸ ਸਮੇਂ 10 ਤੋਂ ਵੱਧ ਵਿਅਕਤੀ ਮੌਜੂਦ ਨਹੀਂ ਹੋਣਗੇ। ਮੂੰਹ ’ਤੇ ਮਾਸਕ ਪਾਉਣਗੇ, ਹੱਥਾਂ ਦੀ ਸਾਫ-ਸਫਾਈ ਰੱਖਣਗੇ, ਸੈਨੇਟਾਈਜਰ ਦੀ ਵਰਤੋਂ ਕਰਨਗੇ ਅਤੇ ਆਪਸ ਵਿਚ ਸਮਾਜਿਕ ਦੂਰੀ ਇਕ ਮੀਟਰ ਦੀ ਬਣਾ ਕੇ ਰੱਖਣਗੇ।

ਉਨ੍ਹਾਂ ਕਿਹਾ ਕਿ ਖੇਤੀਬਾੜੀ ਦੇ ਕੰਮਾਂ ਲਈ ਸਬੰਧਤਾਂ ਨੂੰ ਕਰਫਿਊ/ਤਾਲਾਬੰਦੀ ਦੌਰਾਨ ਲੋੜ ਅਨੁਸਾਰ ਪਾਸ ਜਾਰੀ ਕਰਨ ਦਾ ਅਧਿਕਾਰੀ ਮੁੱਖ ਖੇਤੀਬਾੜੀ ਅਫ਼ਸਰ ਫ਼ਾਜ਼ਿਲਕਾ ਨੂੰ ਦਿੱਤਾ ਜਾਂਦਾ ਹੈ ਜੇਕਰ ਇਸ ਮੰਤਵ ਲਈ ਗਲਤ ਪਾਸ ਜਾਰੀ ਕੀਤਾ ਜਾਂਦਾ ਹੈ ਤਾਂ ਸਬੰਧਤ ਦੇ ਖਿਲਾਫ ਅਨੁਸ਼ਾਸਨਿਕ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਸੀਨੀਅਰ ਪੁਲਿਸ ਕਪਤਾਨ ਫਾਜਿਲਕਾ, ਸਮੂਹ ਉਪ ਮੰਡਲ ਮੈਜਿਸਟਰੇਟ ਜ਼ਿਲ੍ਹਾ ਫ਼ਾਜ਼ਿਲਕਾ, ਮੁੱਖ ਖੇਤੀਬਾੜੀ ਅਫਸਰ ਫ਼ਾਜ਼ਿਲਕਾ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਫਾਜ਼ਿਲਕਾ ਹੁਕਮਾਂ ਨੂੰ ਸਖਤੀ ਨਾਲ ਲਾਗੂ ਕਰਵਾਉਣਾ ਯਕੀਨੀ ਬਣਾਉਣਗੇ।

ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਾਜ਼ਿਲਕਾ

## ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੇ ਮੁਲਾਜਮਾਂ

## ਨੇ ਦਿੱਤੀ ਇਕ ਦਿਨ ਦੀ ਤਨਖਾਹ

## *ਮੁੱਖ ਮੰਤਰੀ ਕੋਵਿਡ-19 ਰਿਲੀਫ ਫੰਡ 'ਚ 2 ਲੱਖ 23 ਹਾਜ਼ਾਰ ਤੋਂ ਵੱਧ ਦਾ ਪਾਇਆ ਯੋਗਦਾਨ

ਫ਼ਾਜਿਲਕਾ,8 ਅਪਰੈਲ

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਨੇ ਆਪਣੇ ਸਾਰੇ ਮੁਲਾਜ਼ਮਾਂ ਦੀ ਇੱਕ ਦਿਨ ਦੀ ਤਨਖਾਹ ਮੁੱਖ ਮੰਤਰੀ ਕੋਵਿਡ-19 ਰਿਲੀਫ਼ ਫੰਡ ਵਿੱਚ ਪਾਈ ਹੈ। ਕਾਰਪੋਰੇਸ਼ਨ ਦੇ ਚੇਅਰਮੈਨ ਇੰਜੀ: ਮੋਹਣ ਲਾਲ ਸੂਦ ਨੇ ਦੱਸਿਆ ਕਿ ਇਕ ਦਿਨ ਦੀ ਤਨਖਾਹ ਕਟਵਾ ਕੇ 2 ਲੱਖ 23 ਹਾਜ਼ਾਰ ਤੋਂ ਵੱਧ ਦਾ ਯੋਗਦਾਨ ਪਾਇਆ ਹੈ।

ਸ੍ਰੀ ਸੂਦ ਨੇ ਦੱਸਿਆ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੇ ਕਰਮਚਾਰੀਆਂ ਵਲੋਂ ਹਮੇਸ਼ਾ ਔਖੇ ਸਮੇਂ ਆਪਣੇ ਫਰਜਾਂ 'ਤੇ ਪਹਿਰਾ ਦਿੰਦੇ ਆ ਰਹੇ ਹਨ। ਇਸ ਤੋਂ ਪਹਿਲਾਂ ਕਰਮਚਾਰੀਆਂ ਨੇ ਪਿਛਲੇ ਸਾਲ ਆਏ ਹੜ੍ਹਾਂ ਦੌਰਾਨ ਹੋਏ ਭਾਰੀ ਨੁਕਸਾਨ ਸਮੇਂ ਵੀ ਇੱਕ ਲੱਖ ਰੁਪਏ ਦਾ ਯੋਗਦਾਨ ਮੁੱਖ ਮੰਤਰੀ ਰਾਹਤ ਫੰਡ ਵਿਚ ਪਾਇਆ ਸੀ। ਚੇਅਰਮੈਨ ਵਲੋਂ ਕਾਰਪੋਰੇਸਨ ਦਾ ਸਮੂਹ ਕਰਮਚਾਰੀਆਂ ਵਲੋਂ ਇਸ ਸੰਕਟ ਦੇ ਸਮੇਂ ਪਾਏ ਯੋਗਦਾਨ ਲਈ ਧੰਨਵਾਦ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਪੰਜਾਬ ਹੀ ਅਜਿਹਾ ਪਹਿਲਾ ਸੂਬਾ ਹੈ ਜਿੱਥੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਲੋਕਾਂ ਦੀਆਂ ਜਿੰਦਗੀਆਂ ਬਚਾਉਣ ਲਈ ਵੱਡਾ ਫੈਸਲਾ ਕਰਦਿਆ ਸਮੁੱਚੇ ਸੂਬੇ ਵਿੱਚ ਕਰਫ਼ਿਊ ਲਗਾਉਣ ਦਾ ਐਲਾਨ ਕੀਤਾ ਸੀ। ਸ੍ਰੀ ਸੂਦ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰੋਨਾ ਵਾਇਰਸ ਦੀ ਮਹਾਂਮਾਰੀ ਦੇ ਸੰਕਟ ਵਿੱਚ ਸਹਿਯੋਗ ਦੇਣ ਤੇ ਆਪਣੇ ਘਰਾਂ ਵਿੱਚ ਹੀ ਰਹਿਣ ਜਦੋਂ ਤੱਕ ਸਰਕਾਰ ਦੇ ਨਵੇਂ ਆਦੇਸ਼ ਨਹੀਂ ਆ ਜਾਂਦੇ।